# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 14-07-2025**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਵਲੋਂ ਅੱਜ ਹਰਿਆਣਾ ਅਤੇ ਗੋਆ ਵਿੱਚ ਨਵੇਂ ਰਾਜਪਾਲ ਅਤੇ ਲੱਦਾਖ ਵਿੱਚ ਉਪ-ਰਾਜਪਾਲ ਦੀ ਨਿਯੁਕਤੀ ।
- ਪੰਜਾਬ ਮੰਤਰੀ ਮੰਡਲ ਵਲੋਂ ਇਤਿਹਾਸਕ ਪੰਜਾਬ ਪਵਿੱਤਰ ਗ੍ਰੰਥਾਂ ਖਿਲਾਫ ਅਪਰਾਧ ਰੋਕਥਾਮ ਬਿੱਲ, 2025 ਨੂੰ ਮਨਜ਼ੂਰੀ - ਵਿਧਾਨ ਸਭਾ ਵਿਚ ਬਿੱਲ 'ਤੇ ਚਰਚਾ ਕੱਲ ਹੋਵੇਗੀ
- ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ -ਸੂਬੇ ਵਿੱਚ ਮੌਜੂਦਾ ਸਮੇਂ ਹੜ੍ਹਾਂ ਜਿਹੀ ਕੋਈ ਸਥਿਤੀ ਨਹੀਂ- ਸੰਭਾਵੀ ਸਥਿਤੀ ਨਾਲ ਨਜਿੱਠਣ ਲਈ ਪੁਖ਼ਤਾ ਪ੍ਰਬੰਧ ਕੀਤੇ ਗਏ ਨੇ।
- ਐਕਸੀਓਮ-4 ਮਿਸ਼ਨ 'ਤੇ ਭਾਰਤੀ ਪੁਲਾੜ ਯਾਤਰੀ ਗਰੁੱਪ ਕੈਪਟਨ ਸ਼ੁਭਾਂਸ਼ੂ ਸ਼ੁਕਲਾ ਅਤੇ ਤਿੰਨ ਹੋਰ ਮੈਂਬਰਾਂ ਦੀ ਧਰਤੀ ਦੀ ਵਾਪਸੀ ਯਾਤਰਾ ਸ਼ੁਰੂ ।

- ਅੱਜ ਮੋਹਾਲੀ, ਪਟਿਆਲਾ, ਫਾਜ਼ਿਲਕਾ ਅਤੇ ਫਰੀਦਕੋਟ ਸਮੇਤ ਪੰਜਾਬ ਦੇ ਕਈ ਜ਼ਿਲਿਆਂ ਵਿਚ ਦਰਮਿਆਨੀ ਤੋਂ ਭਾਰੀ ਵਰਖਾ ਹੋਈ - ਸੂਬੇ ਭਰ ਵਿਚ ਤਾਪਮਾਨ 24 ਤੋਂ 28 ਡਿਗਰੀ ਸੈਲਸੀਅਸ ਦਰਮਿਆਨ ਰਿਹਾ I

ਹੁਣ ਖਬਰਾਂ ਵਿਸਥਾਰ ਨਾਲ.....

-------------------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਹਰਿਆਣਾ ਅਤੇ ਗੋਆ ਵਿੱਚ ਨਵੇਂ ਰਾਜਪਾਲ ਅਤੇ ਲੱਦਾਖ ਵਿੱਚ ਉਪ ਰਾਜਪਾਲ ਨਿਯੁਕਤ ਕੀਤੇ । ਸਾਬਕਾ ਸ਼ਹਿਰੀ ਹਵਾਬਾਜ਼ੀ ਮੰਤਰੀ ਪੁਸ਼ਪਾਪਤੀ ਅਸ਼ੋਕ ਗਜਪਤੀ ਰਾਜੂ ਨੂੰ ਗੋਆ ਦਾ ਰਾਜਪਾਲ ਨਿਯੁਕਤ ਕੀਤਾ ਗਿਆ ਏ ਜਦੋਂ ਕਿ ਪ੍ਰੋ. ਅਸ਼ੀਮ ਕੁਮਾਰ ਘੋਸ਼ ਹਰਿਆਣਾ ਦੇ ਰਾਜਪਾਲ ਹੋਣਗੇ। ਕਵਿੰਦਰ ਗੁਪਤਾ ਨੂੰ ਲੱਦਾਖ ਦਾ ਉਪ ਰਾਜਪਾਲ ਨਿਯੁਕਤ ਕੀਤਾ ਗਿਆ ਏ । ਰਾਸ਼ਟਰਪਤੀ ਨੇ ਲੱਦਾਖ ਦੇ ਉਪ ਰਾਜਪਾਲ, ਸੇਵਾਮੁਕਤ ਬ੍ਰਿਗੇਡੀਅਰ ਡਾ. ਬੀ. ਡੀ. ਮਿਸ਼ਰਾ ਦਾ ਅਸਤੀਫਾ ਵੀ ਸਵੀਕਾਰ ਕਰ ਲਿਆ ਏ ।

-------------------------------------------------------------------------

ਪੰਜਾਬ ਮੰਤਰੀ ਮੰਡਲ ਨੇ ਇਤਿਹਾਸਕ ਪੰਜਾਬ ਪਵਿੱਤਰ ਗ੍ਰੰਥਾਂ ਖਿਲਾਫ ਅਪਰਾਧ ਰੋਕਥਾਮ ਬਿੱਲ, 2025 ਨੂੰ ਮਨਜ਼ੂਰੀ ਦੇ ਦਿੱਤੀ ਏ । ਇਹ ਫੈਸਲਾ ਅੱਜ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪ੍ਰਧਾਨਗੀ ਹੇਠ

ਹੋਈ, ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਲਿਆ ਗਿਆ। ਇਸ ਬਿੱਲ ਨੂੰ ਬੇਅਦਬੀ ਦੇ ਘਿਨਾਉਣੇ ਅਪਰਾਧ ਕਰਨ ਵਾਲਿਆਂ ਲਈ ਸਖ਼ਤ ਸਜ਼ਾ ਯਕੀਨੀ ਬਣਾਉਣ ਲਈ ਮਨਜ਼ੂਰੀ ਦਿੱਤੀ ਗਈ ਏ । ਇਸ ਬਿੱਲ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ, ਭਗਵਦ ਗੀਤਾ, ਪਵਿੱਤਰ ਬਾਈਬਲ, ਕੁਰਾਨ ਸ਼ਰੀਫ ਅਤੇ ਹੋਰਨਾਂ ਸਤਿਕਾਰਤ ਗ੍ਰੰਥਾਂ ਸਮੇਤ ਪਵਿੱਤਰ ਗ੍ਰੰਥਾਂ ਦੀ ਬੇਅਦਬੀ ਲਈ ਉਮਰ ਕੈਦ ਤੱਕ ਦੀ ਸਖ਼ਤ ਸਜ਼ਾ ਦਾ ਪ੍ਰਬੰਧ ਕੀਤਾ ਗਿਆ ਏ । ਇਸ ਦੌਰਾਨ, ਜਦੋਂ ਬਿੱਲ ਨੂੰ ਵਿਧਾਨ ਸਭਾ ਵਿੱਚ ਵਿਸ਼ੇਸ਼ ਇਜਲਾਸ ਦੇ ਤੀਜੇ ਦਿਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਚਰਚਾ ਲਈ ਪੇਸ਼ ਕੀਤਾ ਗਿਆ, ਤਾਂ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ, ਬਿੱਲ ਦੇ ਉਪਬੰਧਾਂ ਦੀ ਸਮੀਖਿਆ ਕਰਨ ਲਈ, ਵਿਧਾਇਕਾਂ ਤੋਂ ਕੱਲ੍ਹ ਤੱਕ ਦਾ ਸਮਾਂ ਮੰਗਿਆ। ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕੱਲ੍ਹ ਬਿੱਲ 'ਤੇ ਚਰਚਾ ਕਰਨ ਦੀ ਪ੍ਰਵਾਨਗੀ ਦਿੱਤੀ । ਇਜਲਾਸ ਦੌਰਾਨ ਸ੍ਰੀ ਬਾਜਵਾ ਦੀ ਬੇਨਤੀ ਤੋਂ ਬਾਅਦ ਮੁੱਖ ਮੰਤਰੀ ਨੇ ਵੀ ਇਸ ਲਈ ਸਹਿਮਤੀ ਦਿੱਤੀ। ਕੱਲ੍ਹ ਇਜਲਾਸ ਦਾ ਆਖਰੀ ਦਿਨ ਏ , ਜੋ ਪਹਿਲਾਂ ਦੋ ਦਿਨਾਂ ਲਈ ਬੁਲਾਇਆ ਗਿਆ ਸੀ ਪਰ ਬਾਅਦ ਵਿੱਚ ਇਸਦੀ ਮਿਆਦ ਮੰਗਲਵਾਰ ਤੱਕ ਵਧਾ ਦਿੱਤੀ ਗਈ।

ਪੰਜਾਬ ਵਿਧਾਨ ਸਭਾ ਨੇ ਅੱਜ ਸੂਬੇ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਵੱਲੋਂ ਪੇਸ਼ ਕੀਤੇ ਗਏ ਪੰਜਾਬ ਰਾਜ ਵਿਕਾਸ ਟੈਕਸ (ਸੋਧ) ਬਿੱਲ, 2025 ਅਤੇ ਪੰਜਾਬ ਨਮਿੱਤਣ ਐਕਟ (ਰਪੀਲ) ਬਿੱਲ, 2025 ਨੂੰ ਸਰਬਸੰਮਤੀ ਨਾਲ ਪਾਸ ਕਰ ਦਿੱਤਾ।

-----------------------------------------------------------------------------

ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਪੰਜਾਬ ਵਿੱਚ ਜਲ ਭੰਡਾਰਾਂ ਦਾ ਪੱਧਰ ਸਥਿਰ ਏ ਅਤੇ ਸੂਬੇ ਵਿੱਚ ਮੌਜੂਦਾ ਸਮੇਂ ਹੜ੍ਹਾਂ ਜਿਹੀ ਕੋਈ ਸਥਿਤੀ ਨਹੀਂ ਏ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਹਰ ਸੰਭਾਵੀ ਸਥਿਤੀ ਨਾਲ ਨਜਿੱਠਣ ਲਈ ਪੁਖ਼ਤਾ ਪ੍ਰਬੰਧ ਕੀਤੇ ਗਏ ਨੇ। ਅੱਜ ਵਿਧਾਨ ਸਭਾ ਵਿੱਚ ਵਿਧਾਇਕ ਰਾਣਾ ਇੰਦਰ ਪ੍ਰਤਾਪ ਸਿੰਘ ਵੱਲੋਂ ਜਲ ਭੰਡਾਰਾਂ ਵਿੱਚ ਪਾਣੀ ਦਾ ਪੱਧਰ ਵਧਣ ਕਾਰਨ ਨੀਵੇਂ ਇਲਾਕਿਆਂ ਵਿੱਚ ਹੜ੍ਹਾਂ ਦੇ ਖਤਰੇ ਨੂੰ ਰੋਕਣ ਸਬੰਧੀ ਪੇਸ਼ ਕੀਤੇ ਗਏ ਧਿਆਨ ਦਿਵਾਊ ਮਤੇ ਦਾ ਜਵਾਬ ਦਿੰਦਿਆਂ ਜਲ ਸਰੋਤ ਮੰਤਰੀ ਨੇ ਦੱਸਿਆ ਕਿ 10 ਜੁਲਾਈ ਤੱਕ ਪ੍ਰਮੁੱਖ ਜਲ ਭੰਡਾਰਾਂ ਵਿੱਚ ਪਾਣੀ ਦਾ ਪੱਧਰ ਸੁਰੱਖਿਅਤ ਹੱਦ ਅੰਦਰ ਰਿਹਾ। ਉਨ੍ਹਾਂ ਦੱਸਿਆ ਕਿ ਭਾਖੜਾ ਡੈਮ ਵਿੱਚ ਮੌਜੂਦਾ ਪੱਧਰ 1590.48 ਫ਼ੁੱਟ ,ਪੌਂਗ ਡੈਮ ਵਿੱਚ ਮੌਜੂਦਾ ਪੱਧਰ 1325.48 ਫ਼ੁੱਟ ਅਤੇ ਰਣਜੀਤ ਸਾਗਰ ਡੈਮ ਵਿੱਚ ਮੌਜੂਦਾ ਪੱਧਰ 505.41 ਮੀਟਰ ਏ। ਜਲ ਸਰੋਤ ਮੰਤਰੀ ਨੇ ਦੱਸਿਆ ਕਿ ਤਿੰਨੋਂ ਜਲ

ਭੰਡਾਰ ਸੁਰੱਖਿਅਤ ਢੰਗ ਨਾਲ ਕੰਮ ਕਰ ਰਹੇ ਹਨ ਅਤੇ ਖ਼ਤਰੇ ਦੇ ਪੱਧਰ ਤੋਂ ਕਾਫ਼ੀ ਘੱਟ ਨੇ। ਉਨ੍ਹਾਂ ਦੱਸਿਆ ਕਿ ਸਰਕਾਰ ਨੇ ਹੜ੍ਹਾਂ ਦੀ ਰੋਕਥਾਮ ਲਈ 204 ਕਰੋੜ 50 ਲਖ ਰੁਪਏ ਦੇ ਫੰਡ ਅਲਾਟ ਕੀਤੇ ਨੇ ਅਤੇ ਵਿਭਾਗੀ ਫੰਡਾਂ ਦੀ ਵਰਤੋਂ ਨਾਲ 599 ਪ੍ਰਾਜੈਕਟ ਸ਼ੁਰੂ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਵਿਭਾਗੀ ਮਸ਼ੀਨਰੀ ਦੀ ਵਰਤੋਂ ਕਰਕੇ 4766 ਕਿਲੋਮੀਟਰ ਤੋਂ ਵੱਧ ਨਾਲਿਆਂ, ਨਦੀਆਂ ਅਤੇ ਚੋਆਂ ਦੀ ਗਾਰ ਸਾਫ਼ ਕੀਤੀ ਗਈ ਏ। ਉਨ੍ਹਾਂ ਦੱਸਿਆ ਕਿ ਜ਼ਿਲ੍ਹਿਆਂ ਵਿੱਚ 8 ਲਖ 76 ਹਜ਼ਾਰ ਬੋਰੀਆਂ ਖਰੀਦੀਆਂ ਅਤੇ 2 ਲਖ 42 ਹਜ਼ਾਰ ਬੋਰੀਆਂ ਭਰੇ ਕੇ ਰੱਖੀਆਂ ਗਈਆਂ ਹਨ। ਮੰਤਰੀ ਨੇ ਦੱਸਿਆ ਕਿ ਸੂਬੇ ਵਿੱਚ ਕੰਟਰੋਲ ਰੂਮ ਸਰਗਰਮ ਨੇ ਟੀਮਾਂ ਤਿਆਰ ਨੇ ਅਤੇ ਸੰਵੇਦਨਸ਼ੀਲ ਖੇਤਰਾਂ ਵਿੱਚ ਦਰਿਆਵਾਂ ਅਤੇ ਨਾਲਿਆਂ ਦੀ ਅਸਲ-ਸਮੇਂ ਦੀ ਨਿਗਰਾਨੀ ਕੀਤੀ ਜਾ ਰਹੀ ਏ।

---------------------------------------------------------------------------

ਐਕਸੀਓਮ-4 ਮਿਸ਼ਨ 'ਤੇ ਭਾਰਤੀ ਪੁਲਾੜ ਯਾਤਰੀ ਗਰੁੱਪ ਕੈਪਟਨ ਸ਼ੁਭਾਂਸ਼ੂ ਸ਼ੁਕਲਾ ਅਤੇ ਉਨ੍ਹਾਂ ਦੇ ਤਿੰਨ ਹੋਰ ਸਾਥੀ ਧਰਤੀ ਦੀ ਵਾਪਸੀ ਯਾਤਰਾ ਲਈ ਰਵਾਨਾ ਹੋ ਗਏ ਨੇ। ਸਪੇਸ-ਐਕਸ ਕੰਪਨੀ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਇਸਦੀ ਪੁਸ਼ਟੀ ਕਰਦਿਆਂ ਕਿਹਾ ਏ ਕਿ ਕਰੂ ਕੈਪਸੂਲ ਡਰੈਗਨ ਅੰਤਰ-ਰਾਸ਼ਟਰੀ ਪੁਲਾੜ ਸਟੇਸ਼ਨ ਤੋਂ ਵੱਖ ਹੋ

ਗਿਆ ਏ । ਕੰਪਨੀ ਨੇ ਕਿਹਾ ਕਿ ਪੁਲਾੜ ਯਾਨ ਕੱਲ੍ਹ ਦੁਪਹਿਰ ਲਗਭਗ ਤਿੰਨ ਵਜੇ ਕੈਲੀਫੋਰਨੀਆ ਤੱਟ 'ਤੇ ਉਤਰੇਗਾ। ਵਾਪਸੀ 'ਤੇ, ਗਰੁੱਪ ਕੈਪਟਨ ਸ਼ੁਕਲਾ ਅਤੇ ਤਿੰਨ ਹੋਰ ਸਾਥੀਆਂ ਨੂੰ ਧਰਤੀ ਦੀ ਗੁਰੂਤਾ ਖਿੱਚ ਦੇ ਅਨੁਕੂਲ ਹੋਣ ਲਈ ਸੱਤ ਦਿਨਾਂ ਲਈ ਨਿਗਰਾਨੀ ਹੇਠ ਰੱਖਿਆ ਜਾਵੇਗਾ । ਗਰੁੱਪ ਕੈਪਟਨ ਸ਼ੁਕਲਾ ਅੰਤਰ-ਰਾਸ਼ਟਰੀ ਪੁਲਾੜ ਸਟੇਸ਼ਨ ਦੇ 14 ਦਿਨਾਂ ਦੇ ਮਿਸ਼ਨ 'ਤੇ ਸਨ। ਉਹ ਅੰਤਰ-ਰਾਸ਼ਟਰੀ ਪੁਲਾੜ ਸਟੇਸ਼ਨ ਦਾ ਦੌਰਾ ਕਰਨ ਵਾਲੇ ਪਹਿਲੇ ਭਾਰਤੀ ਅਤੇ 1984 ਵਿੱਚ ਪੁਲਾੜ ਵਿੱਚ ਗਏ ਵਿੰਗ ਕਮਾਂਡਰ ਰਾਕੇਸ਼ ਸ਼ਰਮਾ ਤੋਂ ਬਾਅਦ ਦੂਜੇ ਭਾਰਤੀ ਪੁਲਾੜ ਯਾਤਰੀ ਹਨ। ਯਾਤਰਾ ਦੌਰਾਨ, ਗਰੁੱਪ ਕੈਪਟਨ ਸ਼ੁਕਲਾ ਨੇ ਭਾਰਤ ਨਾਲ ਸਬੰਧਤ ਸੱਤ ਪ੍ਰਯੋਗ ਕੀਤੇ। ਪੁਲਾੜ ਸਟੇਸ਼ਨ ਨੂੰ ਅਲਵਿਦਾ ਕਹਿਣ 'ਤੇ, ਗਰੁੱਪ ਕੈਪਟਨ ਸ਼ੁਕਲਾ ਨੇ ਆਪਣੀ ਪੁਲਾੜ ਯਾਤਰਾ ਨੂੰ ਬੇਮਿਸਾਲ ਦੱਸਿਆ।BYTE:

-------------------------------------------------------------------------

ਭਾਰਤ ਦੇ ਵਿਗਿਆਨ ਅਤੇ ਦ੍ਰਿੜ ਇਰਾਦੇ ਦੀ ਇੱਕ ਇਤਿਹਾਸਕ ਪ੍ਰਾਪਤੀ, ਚੰਦਰਯਾਨ-3 ਨੇ ਅੱਜ ਆਪਣੇ ਪਰੀਖਣ ਦੇ ਦੋ ਸਾਲ ਪੂਰੇ ਕਰ ਲਏ। ਸਾਲ 2023 ਵਿੱਚ ਅੱਜ ਦੇ ਦਿਨ, ਭਾਰਤੀ ਪੁਲਾੜ ਖੋਜ ਸੰਗਠਨ-ਇਸਰੋ ਵਲੋਂ ਵਿਕਸਤ ਕੀਤੇ ਗਏ LVM-3 M4 ਰਾਕੇਟ ਨੇ ਚੰਦਰਯਾਨ-3 ਨੂੰ ਸਫਲਤਾਪੂਰਵਕ ਪੰਧ ਵਿੱਚ ਛਡਿਆ ਸੀ ।

ਪੇਸ਼ ਏ ਇਕ ਰਿਪੋਰਟ *ਚੰਦਰਯਾਨ-3 ਵਿੱਚ ਇੱਕ ਸਵਦੇਸ਼ੀ ਲੈਂਡਰ ਮੋਡੀਊਲ ਅਤੇ ਇੱਕ ਰੋਵਰ ਸ਼ਾਮਲ ਸੀ। ਇਸਦਾ ਉਦੇਸ਼ ਅੰਤਰ-ਗ੍ਰਹਿ ਮਿਸ਼ਨਾਂ ਲਈ ਨਵੀਂ ਤਕਨਾਲੋਜੀਆਂ ਵਿਕਸਤ ਕਰਨਾ ਸੀ। 23 ਅਗਸਤ, 2023 ਨੂੰ, ਚੰਦਰਯਾਨ-3 ਨੇ ਚੰਦਰਮਾ ਦੇ ਦੱਖਣੀ ਧਰੁਵ 'ਤੇ ਸਫਲਤਾਪੂਰਵਕ ਸੌਫਟ ਲੈਂਡਿੰਗ ਕੀਤੀ ਸੀ । ਇਸ ਲੈਂਡਿੰਗ ਦੇ ਨਾਲ, ਭਾਰਤ ਚੰਦਰਮਾ 'ਤੇ ਸਫਲਤਾਪੂਰਵਕ ਉਤਰਨ ਵਾਲਾ ਚੌਥਾ ਦੇਸ਼ ਅਤੇ ਚੰਦਰਮਾ ਦੇ ਦੱਖਣੀ ਧਰੁਵ ਦੇ ਨੇੜੇ ਉਤਰਨ ਵਾਲਾ ਪਹਿਲਾ ਦੇਸ਼ ਬਣ ਗਿਆ। ਇਸ ਮਿਸ਼ਨ ਦੌਰਾਨ ਕਈ ਪ੍ਰਯੋਗ ਕੀਤੇ ਗਏ, ਜਿਸ ਵਿੱਚ ਚੰਦਰਮਾ ਦੀ ਸਤ੍ਹਾ ਦੇ ਵਾਯੂਮੰਡਲ ਦਾ ਅਧਿਐਨ, ਖਣਿਜ ਤੱਤਾਂ ਦੀ ਮੌਜੂਦਗੀ ਅਤੇ ਚੰਦਰਮਾ ਦੀ ਉੱਪਰਲੀ ਮਿੱਟੀ ਦਾ ਤਾਪਮਾਨ ਸ਼ਾਮਲ ਏ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਉਸ ਜਗ੍ਹਾ ਦਾ ਨਾਮ ਸ਼ਿਵ ਸ਼ਕਤੀ ਰੱਖਿਆ ਜਿੱਥੇ ਵਿਕਰਮ ਲੈਂਡਰ ਅਤੇ ਪ੍ਰਗਿਆਨ ਰੋਵਰ ਚੰਦਰਮਾ ਦੀ ਸਤ੍ਹਾ 'ਤੇ ਉਤਰੇ ਸਨ। ਬਿਓਰੋ ਰਿਪੋਰਟ ਨਾਲ ਜਲੰਧਰ ਤੋਂ ਆਕਾਸ਼ਵਾਣੀ ਖ਼ਬਰਾਂ ਲਈ ਮੈਂ ਰਾਜੇਸ਼ ਬਾਲੀ*

---

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸ਼ਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਆਮ ਲੋਕਾਂ ਨੂੰ ਮਿਲਣ ਲਈ ਹਰ ਬੁੱਧਵਾਰ ਨੂੰ ਚੰਡੀਗੜ੍ਹ ਸਥਿਤ ਸਕੱਤਰੇਤ ਵਿਖੇ ਸਵੇਰੇ 10 ਵਜੇ ਤੋਂ ਦੁਪਹਿਰ

ਸਾਡੇ 12 ਵਜੇ ਤੱਕ ਇੱਕ ਜਨਤਕ ਸੁਣਵਾਈ ਕਰਨ ਦਾ ਫੈਸਲਾ ਕੀਤਾ ਏ। ਜਨਤਕ ਸੁਣਵਾਈ ਤੋਂ ਪਹਿਲਾਂ, ਰਾਜਪਾਲ ਪਿਛਲੀਆਂ ਜਨਤਕ ਸੁਣਵਾਈਆਂ ਦੌਰਾਨ ਉਠਾਏ ਗਏ ਮਾਮਲਿਆਂ 'ਤੇ ਕੀਤੀ ਗਈ ਕਾਰਵਾਈ ਦੀ ਸਮੀਖਿਆ ਕਰਨ ਲਈ ਸਵੇਰੇ ਸਾਢੇ 9 ਵਜੇ ਤੋਂ ਸਵੇਰੇ 10 ਵਜੇ ਤੱਕ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀਆਂ ਨਾਲ ਇੱਕ ਮੀਟਿੰਗ ਕਰਨਗੇ। ਜੋ ਨਾਗਰਿਕ ਪ੍ਰਸ਼ਾਸਕ ਨੂੰ ਮਿਲਣਾ ਚਾਹੁੰਦੇ ਨੇ , ਉਹ ਅਰਜੀ ਈਮੇਲ ਰਾਹੀਂ admr-chd@nic.in 'ਤੇ ਭੇਜ ਸਕਦੇ ਹਨ। ਇਸ ਇਲੈਕਟ੍ਰਾਨਿਕ ਮੋਡ ਤੋਂ ਇਲਾਵਾ, ਅਰਜੀ ਚੰਡੀਗੜ੍ਹ ਦੇ ਦਫ਼ਤਰ ਵਿੱਚ ਵੀ ਜਮ੍ਹਾਂ ਕਰਵਾਈ ਜਾ ਸਕਦੀ ਏ ।

---------------------------------------------------------------------

ਪਠਾਨਕੋਟ ਜ਼ਿਲ੍ਹਾ ਪ੍ਰਸ਼ਾਸਨ ਅਤੇ ਐੱਨ.ਡੀ.ਆਰ.ਐੱਫ਼. ਨੇ ਸਾਂਝੇ ਤੌਰ ’ਤੇ ਉਝ ਦਰਿਆ ’ਤੇ ਹੜ੍ਹ ਮੌਕੇ ਕੀਤੇ ਜਾਣ ਵਾਲੇ ਬਚਾਓ ਕਾਰਜਾਂ ਦੀ ਮੌਕ ਡਰਿੱਲ ਕੀਤੀ। ਇਸ ਵਿਚ ਜ਼ਿਲ੍ਹਾ ਪਠਾਨਕੋਟ ਦੇ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਹਿੱਸਾ ਲਿਆ । ਡਿਪਟੀ ਕਮਿਸ਼ਨਰ ਅਦਿੱਤਿਆ ਉਪਲ ਨੇ ਦੱਸਿਆ ਕਿ ਇਸ ਤਰ੍ਹਾਂ ਦੀ ਮੌਕ ਡਰਿੱਲ ਰਾਹੀਂ ਜ਼ਿਲ੍ਹਾ ਪ੍ਰਸ਼ਾਸਨ ਦੇ ਵੱਖ-ਵੱਖ ਵਿਭਾਗਾਂ ਵਿੱਚ ਆਪਸੀ ਤਾਲਮੇਲ ਮਜ਼ਬੂਤ ਹੁੰਦਾ ਏ ।BYTE-

---------------------------------------------------------------------

ਅੱਜ ਮੋਹਾਲੀ, ਪਟਿਆਲਾ, ਫਾਜ਼ਿਲਕਾ, ਮੁਕਤਸਰ ਅਤੇ ਫਰੀਦਕੋਟ ਅਤੇ ਜਲੰਧਰ ਸਮੇਤ ਪੰਜਾਬ ਦੇ ਕਈ ਜ਼ਿਲਿਆਂ ਵਿਚ ਦਰਮਿਆਨੀ ਤੋਂ ਭਾਰੀ ਵਰਖਾ ਹੋਈ । ਇਸ ਨਾਲ ਤਾਪਮਾਨ ਵਿਚ 1.2 ਡਿਗਰੀ ਸੈਲਸੀਅਸ ਦੀ ਗਿਰਾਵਟ ਦਰਜ ਕੀਤੀ ਗਈ ਅਤੇ ਘੱਟ ਤੋਂ ਘੱਟ ਤਾਪਮਾਨ ਪਠਾਨਕੋਟ ਵਿਚ 24 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਇਸੇ ਤਰਾਂ ਸੂਬੇ ਭਰ ਵਿਚ ਅੱਜ ਸਵੇਰੇ ਤਾਪਮਾਨ 24 ਤੋਂ 28 ਡਿਗਰੀ ਸੈਲਸੀਅਸ ਦਰਮਿਆਨ ਹੀ ਰਿਹਾ ਏ । ਇਸ ਨਾਲ ਮੌਸਮ ਸੁਹਾਵਣਾ ਬਣਿਆ ਹੋਇਆ । ਇਸ ਵੇਲੇ ਵੀ ਬੱਦਲਵਾਈ ਬਣੀ ਹੋਈ ਏ । ਮੌਸਮ ਵਿਭਾਗ ਨੇ ਹਰਿਆਣਾ, ਚੰਡੀਗੜ੍ਹ, ਹਿਮਾਚਲ ਪ੍ਰਦੇਸ਼, ਜੰਮੂ ਅਤੇ ਕਸ਼ਮੀਰ ਅਤੇ ਉੱਤਰ-ਪੂਰਬੀ ਰਾਜਾਂ ਵਿੱਚ ਅਗਲੇ ਦੋ-ਤਿੰਨ ਦਿਨਾਂ ਦੌਰਾਨ ਭਾਰੀ ਬਾਰਿਸ਼ ਹੋਣ ਦੀ ਪੇਸ਼ੀਨਗੋਈ ਕੀਤੀ ਏ ।

---

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਵਲੋਂ ਅੱਜ ਹਰਿਆਣਾ ਅਤੇ ਗੋਆ ਵਿੱਚ ਨਵੇਂ ਰਾਜਪਾਲ ਅਤੇ ਲੱਦਾਖ ਵਿੱਚ ਉਪ-ਰਾਜਪਾਲ ਦੀ ਨਿਯੁਕਤੀ ।

- ਪੰਜਾਬ ਮੰਤਰੀ ਮੰਡਲ ਵਲੋਂ ਇਤਿਹਾਸਕ ਪੰਜਾਬ ਪਵਿੱਤਰ ਗ੍ਰੰਥਾਂ ਖਿਲਾਫ ਅਪਰਾਧ ਰੋਕਥਾਮ ਬਿੱਲ, 2025 ਨੂੰ ਮਨਜ਼ੂਰੀ - ਵਿਧਾਨ ਸਭਾ ਵਿਚ ਬਿੱਲ 'ਤੇ ਚਰਚਾ ਕੱਲ ਹੋਵੇਗੀ
- ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ -ਸੂਬੇ ਵਿੱਚ ਮੌਜੂਦਾ ਸਮੇਂ ਹੜ੍ਹਾਂ ਜਿਹੀ ਕੋਈ ਸਥਿਤੀ ਨਹੀਂ- ਸੰਭਾਵੀ ਸਥਿਤੀ ਨਾਲ ਨਜਿੱਠਣ ਲਈ ਪੁਖ਼ਤਾ ਪ੍ਰਬੰਧ ਕੀਤੇ ਗਏ ਨੇ।
- ਐਕਸੀਓਮ-4 ਮਿਸ਼ਨ 'ਤੇ ਭਾਰਤੀ ਪੁਲਾੜ ਯਾਤਰੀ ਗਰੁੱਪ ਕੈਪਟਨ ਸ਼ੁਭਾਂਸ਼ੂ ਸ਼ੁਕਲਾ ਅਤੇ ਤਿੰਨ ਹੋਰ ਮੈਂਬਰਾਂ ਦੀ ਧਰਤੀ ਦੀ ਵਾਪਸੀ ਯਾਤਰਾ ਸ਼ੁਰੂ । ਅਤੇ
- ਅੱਜ ਮੋਹਾਲੀ, ਪਟਿਆਲਾ, ਫਾਜ਼ਿਲਕਾ ਅਤੇ ਫਰੀਦਕੋਟ ਸਮੇਤ ਪੰਜਾਬ ਦੇ ਕਈ ਜ਼ਿਲਿਆਂ ਵਿਚ ਦਰਮਿਆਨੀ ਤੋਂ ਭਾਰੀ ਵਰਖਾ ਹੋਈ - ਸੂਬੇ ਭਰ ਵਿਚ ਤਾਪਮਾਨ 24 ਤੋਂ 28 ਡਿਗਰੀ ਸੈਲਸੀਅਸ ਦਰਮਿਆਨ ਰਿਹਾ I
- **ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋ ਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱ ਜਕੇ 30 ਮਿੰਟ 'ਤੇ ਨਮਸਕਾਰ !**